## ਫ਼ਾਸੀ ਤੋਂ ਤਿੰਨ ਦਿਨ ਪਹਿਲਾਂ

## ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦਾ

# ਗਵਰਨਰ ਪੰਜਾਬ ਨੂੰ ਖ਼ਤ

**"ਸਾਨੂੰ ਫ਼ਾਂਸੀ ਦੇਣ ਦੀ ਥਾਂ ਗੋਲੀ ਨਾਲ ਉਡਾ ਦਿੱਤਾ ਜਾਵੇ"**

ਸੇਵਾ ਵਿਖੇ,

ਗਰਵਨਰ ਪੰਜਾਬ,

ਸ਼ਿਮਲਾ।

ਸ਼੍ਰੀ ਮਾਨ,

ਉਚਿਤ ਸਨਮਾਨ ਨਾਲ, ਅਸੀਂ ਤੁਹਾਡਾ ਧਿਆਨ, ਹੇਠ-ਲਿਖੀਆਂ ਗੱਲਾਂ ਵੱਲ ਦਿਵਾਂਦੇ ਹਾਂ। ਭਾਰਤ ਵਿਚ ਅੰਗਰੇਜ਼ੀ ਸਰਕਾਰ ਦੇ ਮੁਖੀ, ਵਾਇਸਰਾਏ ਦੇ ਵਿਸ਼ੇਸ਼ ਲਾਹੌਰ ਸਾਜ਼ਸ਼ ਕੇਸ ਬਾਰੇ ਹੁਕਮ ਦੇ ਮੁਤਾਬਕ, ਸਾਡੇ ਕੇਸ ਦੀ ਸੁਣਵਾਈ ਲਈ ਖਾਸ ਅਦਾਲਤ (ਟ੍ਰਿਬਨਲ) ਸਥਾਪਤ ਕੀਤੀ ਗਈ ਸੀ, ਜਿਸ ਨੇ ਸਾਨੂੰ 7 ਅਕਤੂਬਰ 1930 ਵਾਲੇ ਦਿਨ ਫ਼ਾਂਸੀ ਦੀ ਸਜ਼ਾ ਸੁਣਾਈ ਸੀ। ਸਭ ਤੋਂ ਵੱਡਾ ਸਾਡਾ ਦੋਸ਼, ਇੰਗਲੈਂਡ ਦੇ ਰਾਜੇ ਸਮਰਾਟ ਜਾਰਜ ਪੰਜਵੇਂ ਦੇ ਵਿਰੁੱਧ ਜੰਗ ਛੇੜਣ ਦਾ ਸੀ।

ਇਹ ਫੈਸਲਾ ਦਿੰਦੇ ਸਮੇਂ ਅਦਾਲਤ ਨੇ ਦੋ ਗੱਲਾਂ ਮਿਥੀਆਂ ਹਨ। ਪਹਿਲੀ ਇਹ ਕਿ ਅੰਗਰੇਜ਼ਾਂ ਤੇ ਭਾਰਤੀ ਜਨਤਾ ਵਿਚਾਲੇ ਇਕ ਜੰਗ ਚੱਲ ਰਹੀ ਹੈ। ਦੂਸਰਾ ਇਹ ਕਿ ਅਸਾਂ ਨਿਸ਼ਚਿਤ ਰੂਪ ਵਿਚ ਇਸ ਜੰਗ ਵਿਚ ਹਿੱਸਾ ਲਿਆ ਹੈ। ਜਿਸ ਕਰਕੇ ਅਸੀਂ ਜੰਗੀ ਕੈਦੀ ਹਾਂ।

ਭਾਵੇਂ ਦੂਸਰੀ ਗੱਲ ਦੀ ਵਿਆਖਿਆ ਕਰਦੇ ਹੋਏ ਬਹਤ ਹੱਦ ਤੱਕ ਚਲਾਕੀ ਤੋਂ ਕੰਮ ਲਿਆ ਗਿਆ ਹੈ, ਜਿਸ ਕਰਕੇ ਇਸ ਦੇ ਖਿਲਾਫ਼ ਕੁਝ ਕਹਿਣਾ ਜ਼ਰੂਰੀ ਭਾਸਦਾ ਹੈ, ਪਰ ਫਿਰ ਵੀ ਅਸੀਂ ਇਹ ਕਹੇ ਬਗੈਰ ਨਹੀਂ ਰਹਿ ਸਕਦੇ ਕਿ ਸਾਡੇ ਬਾਰੇ ਏਦਾਂ ਕਹਿ ਕੇ, ਸਾਨੂੰ ਸਨਮਾਨਿਆ ਗਿਆ ਹੈ।

### ਜੰਗ ਵਾਲੀ ਹਾਲਤ

ਜਿੱਥੋਂ ਤੱਕ ਪਹਿਲੀ ਮਿੱਥੀ ਗੱਲ ਦਾ ਸਬੰਧ ਹੈ, ਉਸ ਤੇ ਅਸੀਂ ਥੋੜੇ ਵਿਸਥਾਰ ਨਾਲ ਰੌਸ਼ਨੀ ਪਾਉਣਾ ਚਾਹਾਂਗੇ। ਪ੍ਰਤੱਖ ਰੂਪ ਵਿਚ ਐਸੀ ਕੋਈ ਲੜਾਈ ਛਿੜੀ ਹੋਈ ਨਜ਼ਰ ਨਹੀਂ ਆਉਂਦੀ। ਫਿਰ ਵੀ ਇਸ ਦੇ ਲਫ਼ਜ਼ੀ ਅਰਥਾਂ ਵਿਚ ਅਸੀਂ ਇਸ ਵਿਆਖਿਆ ਨੂੰ ਮੰਨਣ ਲਈ ਤਿਆਰ ਹਾਂ। ਪਰ ਅਸੀਂ ਇਸ ਨੂੰ ਹੋਰ ਵਿਸਥਾਰ ਨਾਲ ਦਸਣਾ ਚਾਹਾਂਗੇ, ਤਾਂ ਕਿ ਸਾਨੂੰ ਠੀਕ ਤਰ੍ਹਾਂ ਨਾਲ ਸਮਝਿਆ ਜਾਵੇ। ਅਸੀਂ ਇਹ ਐਲਾਨ ਕਰਦੇ ਹਾਂ ਕਿ ਇਕ ਯੁੱਧ ਚਲ ਰਿਹਾ ਹੈ ਤੇ ਇਹ ਤਦ ਤੱਕ ਚਲਦਾ ਰਹੇਗਾ ਜਦ ਤੱਕ ਚੰਦ ਤਾਕਤਵਰ ਲੋਕ ਭਾਰਤੀ ਜਨਤਾ ਤੇ ਮਿਹਨਤਕਸ਼ ਲੋਕਾਂ ਨੂੰ ਤੇ ਉਨ੍ਹਾਂ ਦੇ ਆਮਦਨ ਦੇ ਵਸੀਲਿਆਂ ਨੂੰ ਲੁਟਦੇ ਰਹਿਣਗੇ। ਉਹ ਲੁੱਟੇਰੇ ਭਾਵੇਂ ਨਿਰੋਲ ਅੰਗਰੇਜ਼ ਪੂੰਜੀਪਤੀ ਹੋਣ ਜਾਂ ਨਿਰੋਲ ਭਾਰਤੀ ਪੂੰਜੀਪਤੀ ਜਾਂ ਦੋਨੋਂ ਰਲਵੇਂ ਚਾਹੇ ਉਹ ਜਨਤਾ ਦਾ ਖ਼ੂਨ ਚੂਸਣ ਲਈ ਨਿਰੋਲ ਭਾਰਤੀ ਨੌਕਰਸ਼ਾਹੀ ਜਾਂ ਸਾਂਝੀ ਰਲੀ-ਮਿਲੀ ਨੌਕਰਸ਼ਾਹੀ ਦੀ ਮਸ਼ੀਨ ਨੂੰ ਵਰਤਣ। ਇਸ ਸਭ ਕੁਝ ਨਾਲ ਸਾਨੂੰ ਕੋਈ ਫ਼ਰਕ ਨਹੀਂ ਪਵੇਗਾ। ਅਗਰ ਤੁਹਾਡੀ ਸਰਕਾਰ, ਛੋਟੀਆਂ-ਛੋਟੀਆਂ ਸਹੂਲਤਾਂ ਦੇ ਕੇ ਜਾਂ ਸਮਝੌਤਾ ਕਰਕੇ ਭਾਰਤੀ ਨੇਤਾਵਾਂ ਤੇ ਇਸ ਸਮਾਜ ਦੇ ਉਚ ਤਬਕੇ ਦੇ ਮੁੱਖੀਆਂ ਨੂੰ ਆਪਣੇ ਨਾਲ ਗੰਢਣ ਵਿਚ ਕਾਮਯਾਬ ਹੋ ਜਾਂਦੀ ਹੈ, ਤੇ ਕੁਝ ਅਰਸੇ ਲਈ ਜਨਤਾ ਦੀ ਤਾਕਤ ਨੂੰ ਮੱਧਮ ਕਰ ਦੇਂਦੀ ਹੈ, ਤਾਂ ਵੀ ਇਸ ਨਾਲ ਹਾਲਾਤ ਵਿਚ ਕੋਈ ਫਰਕ ਨਹੀਂ ਆਵੇਗਾ। ਇਸ ਦੀ ਵੀ ਕੋਈ ਚਿੰਤਾ ਨਹੀਂ ਕਿ ਇੱਕ ਵਾਰੀ ਫਿਰ ਭਾਰਤੀ ਲਹਿਰ ਦੇ ਮੋਹਰੀ ਦਸਤੇ, ਇਨਕਲਾਬੀ ਪਾਰਟੀ ਨੂੰ ਜ਼ੋਰਾਂ ਦੀ ਲੜਾਈ ਵਿਚ ਖੜਿਆਂ ਨੂੰ ਧੋਖਾ ਦਿੱਤਾ ਗਿਆ ਹੈ। ਇਸ ਦਾ ਵੀ ਕੋਈ ਫਰਕ ਨਹੀਂ ਪਵੇਗਾ, ਜੇ ਭਾਰਤੀ ਨੇਤਾ, ਜਿਨ੍ਹਾਂ ਦੇ ਅਸੀਂ ਜ਼ਾਤੀ ਤੌਰ ਤੇ ਇਸ ਕਰਕੇ ਅਭਾਰੀ ਹਾਂ ਕਿ ਉਨ੍ਹਾਂ ਸਾਡੇ ਲਈ ਹਮਦਰਦੀ ਦੀਆਂ ਚੰਗੀਆਂ ਭਾਵਨਾਵਾਂ ਪਰਗਟ ਕੀਤੀਆਂ ਹਨ, ਏਨੇ ਬਦਲਾ ਲਊ ਹੋ ਗਏ ਹਨ ਕਿ ਉਨ੍ਹਾਂ ਨੇ ਸ਼ਾਂਤੀ ਸਮਝੌਤਾ ਵਾਰਤਾ ਵਿਚ ਬੇਘਰ ਤੇ ਬੇਸਹਾਰਾ ਇਸਤਰੀ ਰਾਜਨੀਤਕ ਕਾਰਿਆਂ ਕਰਤਿਆਂ ਦਾ ਭੋਗ ਤੱਕ ਵੀ ਨਹੀਂ ਪਾਇਆ। ਕਿਉਂਕਿ ਉਨ੍ਹਾਂ ਨੂੰ ਇਨਕਲਾਬੀ ਪਾਰਟੀ ਦੇ ਮੈਂਬਰ ਸਮਝਿਆ ਗਿਆ ਹੈ। ਤੇ ਨੇਤਾਵਾਂ ਦੀ ਨਜ਼ਰ ਵਿਚ ਇਨਕਲਾਬੀ ਪਾਰਟੀ ਉਨ੍ਹਾਂ ਦੀ ਸ਼ੇਖ ਚਿਲੀ ਵਾਲੀ (ਕਲਪਿਤ)

ਅਹਿੰਸਾ ਦੀ ਵਿਰੋਧੀ ਹੈ। ਭਾਵੇਂ ਇਹ ਅਹਿੰਸਾ ਹੁਣ ਇਕ ਬੋਦੀ ਗੱਲ ਬਣ ਚੁੱਕੀ ਹੈ। ਇਹ ਉਹ ਭਾਰਤ ਦੀਆਂ ਬਹਾਦਰ ਸਪੁੱਤਰੀਆਂ ਹਨ ਜਿਨ੍ਹਾਂ ਦੀ ਆਪਣੀ ਕੁਰਬਾਨੀ ਤਾਂ ਬੇਮਿਸਾਲ ਹੈ। ਨਾਲ ਹੀ ਜਿਨ੍ਹਾਂ ਆਪਣੇ ਪਤੀਆ ਤੇ ਭਰਾਵਾਂ ਨੂੰ ਕੁਰਬਾਨ ਗਾਹ ਤੇ ਭੇਂਟ ਚੜ੍ਹਾਇਆ ਹੈ ਜਾਂ ਬਲੀ ਲਈ ਆਪਣੇ ਹੱਥੀਂ ਤੋਰਿਆ ਹੈ। ਇਨ੍ਹਾਂ ਬਹਾਦਰ ਦੇਵੀਆਂ ਨੇ ਆਪਣੀ ਜਾਨ ਸਮੇਤ, ਹਰ ਪਿਆਰੀ ਤੇ ਨਜ਼ਦੀਕੀ ਚੀਜ਼ ਨੂੰ ਕੁਰਬਾਨੀ ਲਈ ਭੇਂਟ ਕੀਤਾ ਹੈ। ਤੇ ਤੁਹਾਡੀ ਸਰਕਾਰ ਨੇ ਇਨ੍ਹਾਂ ਨੂੰ ਵਿਦਰੋਹੀ ਕਰਾਰ ਦਿੱਤਾ ਹੈ। ਜੇ ਤੁਹਾਡੇ ਏਜੰਟ ਇੰਨ ਗਿਰ ਗਏ ਹਨ ਕਿ ਉਨ੍ਹਾਂ ਮਨਘੜਤ ਕਹਾਣੀਆਂ ਘੜ ਕੇ ਇਨ੍ਹਾਂ ਤੇ ਇਨ੍ਹਾਂ ਦੀ ਪਾਰਟੀ ਦੀ ਇੱਜ਼ਤ ਨੂੰ ਨੁਕਸਾਨ ਪਹੁੰਚਾਣ ਦੀ ਕੋਸ਼ਿਸ਼ ਕੀਤੀ ਹੈ। ਤਾਂ ਵੀ ਇਹ ਯੁੱਧ ਚਲਦਾ ਰਹੇਗਾ।

## ਜੰਗ ਦੇ ਤਰੀਕੇ ਦੀ ਚੋਣ ਤੁਹਾਡੇ ਤੇ ਹੈ

ਹੋ ਸਕਦਾ ਹੈ ਕਿ ਇਹ ਲੜਾਈ ਵੱਖ-ਵੱਖ ਪੜਾਂਵਾਂ ਵਿਚ ਵੱਖ-ਵੱਖ ਰੂਪ ਧਾਰੇ। ਕਿਸੇ ਸਮੇਂ ਇਹ ਲੜਾਈ ਪਰਗਟ ਰੂਪ ਵਿਚ ਹੋਵੇ, ਕਦੀ ਖੁਫ਼ੀਆਂ, ਕਦੀ ਨਿਰੋਲ ਅੰਦੋਲਨਕਾਰੀ ਤੇ ਕਦੇ ਇਹ ਇੰਨੀ ਭਿਆਨਕ ਹੋਵੇ ਕਿ ਜੀਵਨ ਤੇ ਮੌਤ ਦੀ ਬਾਜ਼ੀ ਲੱਗ ਜਾਵੇ। ਪਰ ਇਹ ਕਿਹੋ ਜਿਹਾ ਰੂਪ ਧਾਰਦੀ ਹੈ, ਖ਼ੂਨੀ ਜਾਂ ਥੋੜ੍ਹਾਂ ਸ਼ਾਂਤੀ ਪੂਰਨ, ਇਸ ਦੀ ਚੋਣ ਤੁਹਾਡੇ ਤੇ ਨਿਰਭਰ ਹੈ। ਸੋ ਤੁਸੀਂ ਇਸ ਦੇ ਰੂਪ ਦੀ ਚੋਣ ਆਪਣੀ ਮਰਜੀ ਮੁਤਾਬਕ ਕਰ ਸਕਦੇ ਹੋ। ਪਰ ਇਹ ਜੰਗ, ਐਵੇਂ ਨਿੱਕੀਆਂ ਨਿੱਕੀਆਂ ਗੱਲਾਂ ਵਿਚ ਪਏ ਬਗੈਰ ਤੇ ਬੇਮਤਬਲ ਨੈਤਿਕ ਸਿਧਾਂਤਾਂ ਵਿਚ ਉਲਝੇ ਬਿਨਾਂ ਲਗਾਤਾਰ ਚਲਦੀ ਰਹੇਗੀ।

ਜਦ ਤੱਕ ਸਮਾਜਵਾਦੀ ਲੋਕ ਰਾਜ ਸਥਾਪਤ ਨਹੀਂ ਹੋ ਜਾਂਦਾ; ਤੇ ਸਮਾਜ ਦਾ ਵਰਤਮਾਨ ਢਾਂਚਾ ਖਤਮ ਕਰਕੇ ਉਸ ਦੇ ਥਾਂ ਸਮਾਜਿਕ ਖੁਸ਼ਹਾਲੀ ਤੇ ਅਧਾਰਤ ਨਵਾਂ ਸਮਾਜਿਕ ਢਾਂਚਾ ਨਹੀਂ ਉਸਰ ਜਾਂਦਾ, ਜਦ ਤੱਕ ਹਰ ਕਿਸਮ ਦੀ ਲੁੱਟ-ਖਸੁੱਟ ਅਸੰਭਵ ਬਣਾ ਕੇ ਮਨੁੱਖਤਾ ਤੇ ਅਸਲ ਤੇ ਸਥਾਈ ਅਮਨ ਦੀ ਛਾਂ ਨਹੀਂ ਹੁੰਦੀ, ਤਦ ਤੱਕ ਇਹ ਜੰਗ ਹੋਰ ਨਵੇਂ ਜੋਸ਼, ਹੋਰ ਵਧੇਰੀ ਨਿਡਰਤਾ, ਬਹਾਦਰੀ ਤੇ ਅਟੱਲ ਇਰਾਦੇ ਨਾਲ ਲੜੀ ਜਾਂਦੀ ਰਹੇਗੀ। ਨਿਕਟ ਭਵਿੱਖ ਵਿਚ ਆਖਰੀ ਯੁੱਧ ਲੜਿਆ ਜਾਵੇਗਾ ਤੇ ਉਹ ਫੈਸਲਾਕੁਨ ਹੋਵੇਗਾ।

ਸਾਮਰਾਜੀ ਤੇ ਪੂੰਜੀਵਾਦੀ ਲੁੱਟ ਕੁਝ ਦਿਨਾਂ ਦੀ ਖੇਡ ਹੈ। ਇਹ ਜੰਗ ਨਾ ਅਸਾਂ ਤੋਂ ਸ਼ੁਰੂ ਹੋਇਆ ਹੈ ਤੇ ਨਾ ਹੀ ਸਾਡੇ ਜੀਵਨ ਨਾਲ ਖ਼ਤਮ ਹੋਵੇਗਾ। ਇਹ ਤਾਂ ਇਤਿਹਾਸਕ ਕਾਰਨਾਂ ਤੇ ਆਲੇ-ਦੁਆਲੇ ਪਸਰੇ ਹਾਲਤਾਂ ਦਾ ਜ਼ਰੂਰੀ ਨਤੀਜਾ ਹੈ। ਸਾਡੀ ਨਿਮਾਣੀ ਜਹੀ ਕੁਰਬਾਨੀ ਤਾਂ ਵੱਸ ਇਤਿਹਾਸਕ ਲੜੀ ਦੀ ਇਕ ਕੜੀ ਹੈ, ਜਿਸ ਨੂੰ ਜੇਤਿਨ ਦਾਸ ਦੀ ਬੇਮਿਸਾਲ ਕੁਰਬਾਨੀ ਨੇ, ਸ਼ਹੀਦ ਭਗਵਤੀ ਚਰਨ ਜੀ ਦੀ ਅਤੀ ਭਿਆਨਕ ਪਰ ਪਵਿੱਤਰ ਤੇ ਮਹਾਨ ਕੁਰਬਾਨੀ ਨੇ ਤੇ ਸਾਡੇ ਮਹਿਬੂਬ ਜਰਨਲ ਅਜ਼ਾਦ ਦੀ ਸ਼ਾਨਦਾਰ ਸਹਾਦਤ ਨੇ ਚਾਰ ਚੰਨ ਲਾਏ ਹਨ।

## ਫ਼ਾਂਸੀ ਦੀ ਥਾਂ ਗੋਲੀ

ਜਿੱਥੋਂ ਤੱਕ ਸਾਡੀ ਕਿਸਮਤ ਦਾ ਸਵਾਲ ਹੈ, ਅਸੀਂ ਦਰਿੜ ਇਰਾਦੇ ਨਾਲ ਕਹਿਣਾ ਚਾਹੁੰਦੇ ਹਾਂ ਕਿ ਤੁਸਾਂ ਜਦ ਸਾਨੂੰ ਫ਼ਾਂਸੀ ਦੇਣ ਦਾ ਹੁਕਮ ਦਿੱਤਾ ਹੈ ਤਾਂ ਤੁਸੀਂ ਜ਼ਰੂਰ ਹੀ ਇਸ ਨੂੰ ਪੂਰੀ ਕਰੋਗੇ। ਤੁਹਾਡੇ ਹੱਥ ਵਿਚ ਤਾਕਤ ਹੈ ਤੇ ਦੁਨੀਆਂ ਵਿਚ ਤਾਕਤ ਨੂੰ ਹਰ ਹੱਕ ਹਾਸਲ ਹੈ। ਅਸੀਂ ਜਾਣਦੇ ਹਾਂ ਕਿ ਤੁਹਾਡਾ ਇਰਾਦਾ ਪੂਰਨ ਕਰਨ ਲਈ 'ਜਿਸ ਦੀ ਲਾਠੀ ਉਸ ਦੀ ਭੈਂਸ' ਵਾਲਾ ਮੁਹਾਵਰਾ ਕੰਮ ਕਰਦਾ ਹੈ। ਸਾਡੇ ਮੁਕਦਮੇ ਦੀ ਸੁਣਵਾਈ ਜਿਸ ਦਾ ਇਕ ਸੋਹਣਾ ਸਬੂਤ ਹੈ। ਅਸੀਂ ਤੁਹਾਨੂੰ ਇਹ ਦੱਸਣਾ ਚਾਹੁੰਦੇ ਹਾਂ ਕਿ ਤੁਹਾਡੀ ਹੀ ਇਕ ਅਦਾਲਤ ਦੇ ਫੈਸਲੇ ਅਨੁਸਾਰ ਸਾਡੇ ਉੱਤੇ ਯੁੱਧ ਵਿਡਣ ਦਾ ਦੋਸ਼ ਹੈ ਤੇ ਇਸ ਕਰਕੇ ਅਸੀਂ ਜੰਗੀ ਕੈਦੀ ਹਾਂ। ਅਤੇ ਇਸ ਕਰਕੇ ਅਸੀਂ ਮੰਗ ਕਰਦੇ ਹਾਂ ਕਿ ਸਾਡੇ ਨਾਲ ਜੰਗੀ ਕੈਦੀਆਂ ਵਾਲਾ ਹੀ ਸਲੂਕ ਕੀਤਾ ਜਾਵੇ। ਯਾਨੀ ਕਿ ਫ਼ਾਂਸੀ ਤੇ ਲਟਕਾਣ ਦੀ ਬਜਾਏ ਸਾਨੂੰ ਗੋਲੀ ਨਾਲ ਉਡਾਇਆ ਜਾਵੇ। ਹੁਣ ਇਹ ਸਿੱਧ ਕਰਨਾ ਤੁਹਾਡਾ ਕੰਮ ਹੈ ਕਿ ਜੋ ਤੁਹਾਡੀ ਅਦਾਲਤ ਨੇ ਕਿਹਾ ਹੈ; ਉਸ ਵਿਚ ਤੁਹਾਡਾ ਪੂਰਾ ਵਿਸ਼ਵਾਸ ਹੈ।

ਸੋ ਅਸੀਂ ਨਿਮਰਤਾ ਪੂਰਵਕ ਤੁਹਾਨੂੰ ਇਹ ਬੇਨਤੀ ਕਰਦੇ ਹਾਂ ਕਿ ਤੁਸੀਂ ਆਪਣੇ ਫੌਜੀ ਵਿਭਾਗ ਨੂੰ ਹੁਕਮ ਦਿਓ ਕਿ ਸਾਨੂੰ ਗੋਲੀ ਨਾਲ ਉਡਾਣ ਲਈ ਇਕ ਫੌਜੀ ਟੋਲੀ ਭੇਜ ਦੇਣ।

ਤੁਹਾਡੇ,

***ਭਗਤ ਸਿੰਘ-ਰਾਜਗੁਰੂ-ਸੁਖਦੇਵ***